# 18 ਤੋਂ 21 ਸਾਲ ਉਮਰ ਦੇ ਨੌਜਵਾਨਾਂ ਦੀਆਂ ਵੋਟਾਂ ਬਣਾਉਣ ਲਈ 1 ਜੁਲਾਈ ਤੋਂ 31 ਜੁਲਾਈ ਤੱਕ ਚਲਾਈ ਜਾਵੇਗੀ ਵਿਸ਼ੇਸ਼ ਮੁਹਿੰਮ-ਜ਼ਿਲ੍ਹਾ ਚੋਣ ਅਫ਼ਸਰ

- **9 ਤੇ 23 ਜੁਲਾਈ ਨੂੰ ਬੀ.ਐਲ.ਓਜ਼ ਪੋਲਿੰਗ ਸਟੇਸ਼ਨਾਂ 'ਤੇ ਵੋਟਾਂ ਬਣਾਉਣ ਲਈ ਬੈਠਣਗੇ**
- **ਨੌਜਵਾਨਾਂ ਨੂੰ ਇਸ ਮੁਹਿੰਮ ਦਾ ਵੱਧ ਤੋਂ ਵੱਧ ਤੋਂ ਲਾਭ ਉਠਾਉਣ ਦੀ ਅਪੀਲ**
- **ਜ਼ਿਲ੍ਹਾ ਚੋਣ ਅਫ਼ਸਰ ਨੇ ਵੱਖ-ਵੱਖ ਰਾਜਨੀਤਿਕ ਪਾਰਟੀਆਂ ਦੇ ਨੁਮਾਇੰਦਿਆਂ ਨਾਲ ਕੀਤੀ ਮੀਟਿੰਗ**

ਮੋਗਾ 15 ਜੂਨ:

ਭਾਰਤ ਦੇ ਚੋਣ ਕਮਿਸ਼ਨ ਵੱਲੋਂ ਵੋਟਰ ਸੂਚੀ ਵਿੱਚ ਨਾਮ ਦਰਜ ਕਰਵਾਉਣ ਤੋਂ ਵਾਂਝੇ ਰਹਿ ਗਏ 18 ਸਾਲ ਤੋਂ ਵੱਧ ਉਮਰ ਦੇ ਨੌਜਵਾਨਾਂ ਲਈ 1 ਜੁਲਾਈ ਤੋਂ 31 ਜੁਲਾਈ ਤੱਕ ਵਿਸ਼ੇਸ ਮੁਹਿੰਮ ਚਲਾਈ ਜਾ ਰਹੀ ਹੈ। ਇਸ ਮੁਹਿੰਮ ਦੌਰਾਨ ਵਿਸ਼ੇਸ਼ ਤੌਰ 'ਤੇ 18 ਸਾਲ ਤੋਂ 21 ਸਾਲ ਤੱਕ ਦੀ ਉਮਰ ਦੇ ਵੋਟ ਬਣਾਉਣ ਤੋਂ ਵਾਂਝੇ ਰਹਿ ਗਏ ਨੌਜਵਾਨਾਂ ਨੂੰ ਜਾਗਰੂਕ ਕਰਕੇ ਉਨ੍ਹਾਂ ਦੀਆਂ ਵੋਟਾਂ ਬਣਾਉਣ 'ਤੇ ਜ਼ੋਰ ਦਿੱਤਾ ਜਾਵੇਗਾ।

ਇਹ ਜਾਣਕਾਰੀ ਜ਼ਿਲ੍ਹਾ ਚੋਣ ਅਫਸਰ-ਕਮ-ਡਿਪਟੀ ਕਮਿਸ਼ਨਰ ਸ. ਦਿਲਰਾਜ ਸਿੰਘ ਨੇ ਵੱਖ-ਵੱਖ ਰਾਜਨੀਤਿਕ ਪਾਰਟੀਆਂ ਦੇ ਨੁਮਾਇੰਦਿਆਂ ਦੀ ਸੱਦੀ ਮੀਟਿੰਗ ਨੂੰ ਸੰਬੋਧਨ ਕਰਦਿਆਂ ਦਿੱਤੀ। ਉਨ੍ਹਾਂ ਦੱਸਿਆ ਕਿ ਜਿਨ੍ਹਾਂ ਨੌਜਵਾਨਾਂ ਦੀ ਉਮਰ 1-1-2017 ਨੂੰ 18 ਸਾਲ ਤੋਂ ਵੱਧ ਹੋ ਜਾਂਦੀ ਹੈ, ਉਹ ਨੌਜਵਾਨ ਫ਼ਾਰਮ ਨੰਬਰ 6 ਭਰ ਕੇ ਸਬੰਧਤ ਚੋਣਕਾਰ ਰਜਿਸਟ੍ਰੇਸ਼ਨ ਅਫ਼ਸਰ ਦੇ ਦਫ਼ਤਰ, ਸਬੰਧਤ ਬੀ.ਐਲ.ਓ, ਸੁਪਰਵਾਈਜ਼ਰ, ਜ਼ਿਲ੍ਹਾ ਚੋਣ ਦਫ਼ਤਰ ਮੋਗਾ ਅਤੇ ਡਾਕ ਰਾਹੀਂ ਵੀ ਜਮ੍ਹਾਂ ਕਰਵਾ ਸਕਦਾ ਹੈ।

ਜ਼ਿਲ੍ਹਾ ਚੋਣ ਅਫ਼ਸਰ ਨੇ ਦੱਸਿਆ ਕਿ ਮਿਤੀ 9 ਜੁਲਾਈ ਅਤੇ ਮਿਤੀ 23 ਜੁਲਾਈ, 2017 (ਦੋਵੇਂ ਐਤਵਾਰ) ਨੂੰ ਸਪੈਸ਼ਲ ਮੁਹਿੰਮ ਦੌਰਾਨ ਬੀ.ਐਲ.ਓਜ਼ ਜ਼ਿਲ੍ਹੇ ਦੇ ਸਮੂਹ ਪੋਲਿੰਗ ਸਟੇਸ਼ਨਾਂ 'ਤੇ ਵੋਟਾਂ ਬਣਾਉਣ ਲਈ ਬੈਠਣਗੇ ਅਤੇ ਉਨ੍ਹਾਂ ਵੱਲੋਂ ਦਾਅਵੇ ਤੇ ਇਤਰਾਜ਼ ਪ੍ਰਾਪਤ ਕੀਤੇ ਜਾਣਗੇ। ਉਨ੍ਹਾਂ ਦੱਸਿਆ ਕਿ ਅਜਿਹੇ ਦਾਅਵੇ ਅਤੇ ਇਤਰਾਜ਼ ਦਾਖਲ ਕਰਨ ਲਈ ਲੋੜੀਂਦੇ ਫ਼ਾਰਮ ਸਮੂਹ ਪੋਲਿੰਗ ਸਟੇਸ਼ਨਾਂ ਅਤੇ ਚੋਣਕਾਰ ਰਜਿਸਟ੍ਰੇਸ਼ਨ ਅਫ਼ਸਰਾਂ/ਸਹਾਇਕ ਚੋਣਕਾਰ ਰਜਿਸਟ੍ਰੇਸ਼ਨ ਅਫ਼ਸਰਾਂ ਦੇ ਦਫ਼ਤਰਾਂ ਵਿਖੇ ਵੋਟਰਾਂ ਦੀ ਸਹੂਲਤ ਲਈ ਮੁਫਤ ਉਪਲਬਧ ਕਰਵਾਏ ਗਏ ਹਨ ਅਤੇ ਫ਼ਾਰਮ ਭਰਨ ਵਿੱਚ ਸਹਾਇਤਾ ਕਰਨ ਲਈ ਵੀ ਬੂਥ ਲੈਵਲ ਅਫ਼ਸਰਾਂ (ਬੀ.ਐਲ.ਓਜ਼) ਦੁਆਰਾ ਮੱਦਦ ਕੀਤੀ ਜਾਵੇਗੀ। ਉਨ੍ਹਾਂ ਇਹ ਵੀ ਦੱਸਿਆ ਕਿ ਇਹ ਫ਼ਾਰਮ ਭਾਰਤ ਚੋਣ ਕਮਿਸ਼ਨ ਦੁਆਰਾ ਜਾਰੀ ਨੈਸ਼ਨਲ ਵੋਟਰ ਸਰਵਿਸਜ਼ ਪੋਰਟਲ **(www.nvsp.in)** 'ਤੇ ਆਨ-ਲਾਈਨ ਵੀ ਭਰੇ ਜਾ ਸਕਦੇ ਹਨ। ਉਨ੍ਹਾਂ ਦੱਸਿਆ ਕਿ ਵੋਟਰਾਂ ਦੀ ਸਹੂਲਤ ਲਈ ਚੋਣ ਕਮਿਸ਼ਨ ਵੱਲੋਂ ਮੋਬਾਇਲ ਐਪ ਵੀ ਤਿਆਰ ਕੀਤੀ ਗਈ ਹੈ ਅਤੇ ਇਹ ਮੋਬਾਇਲ ਐਪ ਵੀ ਕਮਿਸ਼ਨ ਦੀ ਵੈਬਸਾਈਟ 'ਤੇ ਉਪਲਬਧ ਹੈ। ਉਨ੍ਹਾਂ ਕਿਹਾ ਕਿ ਯੋਗ ਨੌਜਵਾਨ ਵੋਟ ਬਣਾਉਣ ਲਈ ਇਸ ਐਪ ਰਾਹੀਂ ਵੀ ਅਪਲਾਈ ਕਰ ਸਕਦੇ ਹਨ। ਉਨ੍ਹਾਂ ਆਮ ਜਨਤਾ, ਵਿਸ਼ੇਸ਼ ਕਰਕੇ ਨੌਜਵਾਨਾਂ ਨੂੰ ਅਪੀਲ ਕੀਤੀ ਕਿ ਉਹ ਇਸ ਮੁਹਿੰਮ ਦਾ ਵੱਧ ਤੋਂ ਵੱਧ ਤੋਂ ਲਾਭ ਉਠਾਉਣ ਅਤੇ ਹਰ ਬਾਲਗ ਵਿਅਕਤੀ ਵੋਟਰ ਸੂਚੀ ਵਿੱਚ ਆਪਣਾ ਨਾਮ ਦਰਜ ਕਰਵਾ ਕੇ ਆਪਣਾ ਵੋਟਰ ਫੋਟੋ ਪਹਿਚਾਣ ਪੱਤਰ ਪ੍ਰਾਪਤ ਕਰਨ ਲਈ ਪਹਿਲ-ਕਦਮੀ ਕਰੇ, ਤਾਂ ਕਿ ਲੋਕਤੰਤਰ ਨੂੰ ਹੋਰ ਮਜ਼ਬੂਤ ਬਣਾਇਆ ਜਾ ਸਕੇ।

ਇਸ ਮੀਟਿੰਗ ਵਿੱਚ ਐਸ.ਡੀ.ਐਮ ਮੋਗਾ ਚਰਨਦੀਪ ਸਿੰਘ, ਤਹਿਸੀਲਦਾਰ ਚੋਣਾਂ ਮਨਜੀਤ ਸਿੰਘ, ਜ਼ਿਲ੍ਹਾ ਪ੍ਰਧਾਨ ਕਾਂਗਰਸ ਕਰਨਲ ਬਾਬੂ ਸਿੰਘ, ਜ਼ਿਲ੍ਹਾ ਸੈਕਟਰੀ ਸੀ.ਪੀ.ਆਈ(ਐਮ) ਕਾਮਰੇਡ ਸੁਰਜੀਤ ਸਿੰਘ ਗਗੜਾ,

ਆਮ ਆਦਮੀ ਪਾਰਟੀ ਤੋਂ ਜਗਜੀਤ ਸਿੰਘ, ਸ਼੍ਰੋਮਣੀ ਅਕਾਲੀ ਦਲ (ਬ) ਤੋਂ ਕੁਲਦੀਪ ਸਿੰਘ ਜੋਗੇਵਾਲਾ, ਸਵੀਪ ਕੋ-ਆਰਡੀਨੇਟਰ ਬਲਵਿੰਦਰ ਸਿੰਘ ਅਤੇ ਦਫ਼ਤਰ ਤਹਿਸੀਲਦਾਰ ਚੋਣਾਂ ਦਾ ਅਮਲਾ ਹਾਜ਼ਰ ਸਨ।

---------------------------

ਨੰ: ਪੀ.ਆਰ(ਪ੍ਰੈ ਰੀ)2017/330



